ਬਿਲਾਵਲੁ ਮਹਲਾ ੫ ॥ ਬਿਖੈ ਬਨੁ ਫੀਕਾ ਤਿਆਗਿ ਰੀ ਸਖੀਏ ਨਾਮੁ ਮਹਾ ਰਸੁ ਪੀਓ ॥ ਬਿਨੁ ਰਸ ਚਾਖੇ ਬੁਡਿ ਗਈ ਸਗਲੀ ਸੁਖੀ ਨ ਹੋਵਤ ਜੀਓ ॥ ਮਾਨੁ ਮਹਤੁ ਨ ਸਕਤਿ ਹੀ ਕਾਈ ਸਾਧਾ ਦਾਸੀ ਥੀਓ ॥ ਨਾਨਕ ਸੇ ਦਰਿ ਸੋਭਾਵੰਤੇ ਜੋ ਪ੍ਰਭਿ ਅਪੁਨੈ ਕੀਓ ॥ ੧॥ ਹਰਿਚੰਦਉਰੀ ਚਿਤ ਭ੍ਰਮੁ ਸਖੀਏ ਮ੍ਰਿਗ ਤ੍ਰਿਸਨਾ ਦ੍ਰੁਮ ਛਾਇਆ ॥ ਚੰਚਲਿ ਸੰਗਿ ਨ ਚਾਲਤੀ ਸਖੀਏ ਅੰਤਿ ਤਜਿ ਜਾਵਤ ਮਾਇਆ ॥ ਰਸਿ ਭੋਗਣ ਅਤਿ ਰੂਪ ਰਸ ਮਾਤੇ ਇਨ ਸੰਗਿ ਸੂਖੁ ਨ ਪਾਇਆ ॥ ਧੰਨਿ ਧੰਨਿ ਹਰਿ ਸਾਧ ਜਨ ਸਖੀਏ ਨਾਨਕ ਜਿਨੀ ਨਾਮੁ ਧਿਆਇਆ ॥ ੨॥ ਜਾਇ ਬਸਹੁ ਵਡਭਾਗਣੀ ਸਖੀਏ ਸੰਤਾ ਸੰਗਿ ਸਮਾਈਐ ॥ ਤਹ ਦੂਖ ਨ ਭੂਖ ਨ ਰੋਗੁ ਬਿਆਪੈ ਚਰਨ ਕਮਲ ਲਿਵ ਲਾਈਐ ॥ ਤਹ ਜਨਮ ਨ ਮਰਣੁ ਨ ਆਵਣ ਜਾਣਾ ਨਿਹਚਲੁ ਸਰਣੀ ਪਾਈਐ ॥ ਪ੍ਰੇਮ ਬਿਛੋਹੁ ਨ ਮੋਹੁ ਬਿਆਪੈ ਨਾਨਕ ਹਰਿ ਏਕੁ ਧਿਆਈਐ ॥੩॥ ਦ੍ਰਿਸਟਿ ਧਾਰਿ ਮਨੁ ਬੇਧਿਆ ਪਿਆਰੇ ਰਤੜੇ ਸਹਜਿ ਸੁਭਾਏ ॥ ਸੇਜ ਸੁਹਾਵੀ ਸੰਗਿ ਮਿਲਿ ਪ੍ਰੀਤਮ ਅਨਦ ਮੰਗਲ ਗੁਣ ਗਾਏ ॥ ਸਖੀ ਸਹੇਲੀ ਰਾਮ ਰੰਗਿ ਰਾਤੀ ਮਨ ਤਨ ਇਛ ਪੁਜਾਏ ॥ ਨਾਨਕ ਅਚਰਜੁ ਅਚਰਜ ਸਿਉ ਮਿਲਿਆ ਕਹਣਾ ਕਛੂ ਨ ਜਾਏ ॥ ੪॥੨॥੫॥ {ਪੰਨਾ 802-803}

ਪਦਅਰਥ:- ਬਨੁ—ਪਾਣੀ {vnz kwnny jly}। ਬਿਖੈ ਬਨੁ—ਵਿਸ਼ੇ-ਵਿਕਾਰਾਂ ਦਾ ਜਲ। ਰੀ ਸਖੀਏ—ਹੇ ਸਹੇਲੀਏ! ਮਹਾ ਰਸੁ—ਬੜਾ ਸੁਆਦਲਾ ਅੰਮ੍ਰਿਤ। ਬੁਡਿ ਗਈ—ਡੁੱਬ ਰਹੀ ਹੈ। ਸਗਲੀ—ਸਾਰੀ (ਸ੍ਰਿਸ਼ਟੀ)। ਜੀਓ—ਜੀਉ, ਜਿੰਦ। ਮਾਨੁ—ਫ਼ਖ਼ਰ, ਆਸਰਾ। ਮਹਤੁ—ਵਡੱਪਣ। ਸਕਤਿ—ਤਾਕਤਿ, ਸ਼ਕਤੀ। ਕਾਈ—{ਇਸਤ੍ਰੀ ਲਿੰਗ} ਕੋਈ ਹੀ। ਥੀਓ—ਹੋ ਜਾ। ਸੇ—ਉਹ ਬੰਦੇ {ਬਹੁ-ਵਚਨ}। ਦਰਿ—(ਪ੍ਰਭੂ ਦੇ) ਦਰ ਤੇ। ਪ੍ਰਭਿ—ਪ੍ਰਭੂ ਨੇ। ਪ੍ਰਭਿ ਅਪੁਨੈ—ਆਪਣੇ ਪ੍ਰਭੂ ਨੇ। ਕੀਓ—ਕਰ ਲਏ।1।

ਹਰਿਚੰਦਉਰੀ—ਹਰਿਚੰਦ ਨਗਰੀ, ਹਵਾਈ ਕਿਲ੍ਹਾ। ਭ੍ਰਮੁ—ਭਰਮ, ਭੁਲੇਖਾ। ਮ੍ਰਿਗ ਤ੍ਰਿਸਨਾ—ਠਗ-ਨੀਰਾ। ਦ੍ਰੁਮ—ਰੁੱਖ। ਛਾਇਆ—ਛਾਂ। ਚੰਚਲਿ—{ਇਸਤ੍ਰੀ ਲਿੰਗ} ਕਿਤੇ ਇੱਕ ਥਾਂ ਨਾਹ ਟਿਕਣ ਵਾਲੀ। ਸੰਗਿ—ਨਾਲ। ਅੰਤਿ—ਆਖ਼ਰ ਨੂੰ। ਰਸਿ—ਸੁਆਦ ਨਾਲ। ਅਤਿ—ਬਹੁਤ। ਮਾਤੇ—ਮਸਤ। ਇਨ ਸੰਗਿ—ਇਹਨਾਂ ਦੀ ਸੰਗਤਿ ਵਿਚ ਰਿਹਾਂ। ਧੰਨਿ—ਭਾਗਾਂ ਵਾਲੇ।2।

ਜਾਇ—ਜਾ ਕੇ। ਬਸਹੁ—ਟਿਕੋ। ਤਹ—ਉਥੇ। ਨ ਬਿਆਪੈ—ਜ਼ੋਰ ਨਹੀਂ ਪਾ ਸਕਦਾ। ਲਿਵ—ਸੁਰਤਿ। ਬਿਛੋਹੁ—ਵਿਛੋੜਾ।3।

ਧਾਰਿ—ਧਾਰ ਕੇ, ਕਰ ਕੇ। ਦ੍ਰਿਸਟਿ—ਨਿਗਾਹ, ਨਜ਼ਰ। ਬੇਧਿਆ—ਵਿੰਨ੍ਹ ਲਿਆ। ਸਹਜਿ—ਆਤਮਕ ਅਡੋਲਤਾ ਵਿਚ। ਸੁਭਾਏ—ਸੁਭਾਇ, ਪਿਆਰ ਵਿਚ। ਸੇਜ—ਹਿਰਦਾ-ਸੇਜ। ਸੁਹਾਵੀ—ਸੁਖਾਵੀਂ, ਸੁਖ ਦੇਣ ਵਾਲੀ। ਮਿਲਿ—ਮਿਲ ਕੇ। ਗਾਏ—ਗਾਇ, ਗਾ ਕੇ। ਰੰਗਿ—ਰੰਗ ਵਿਚ, ਪ੍ਰੇਮ ਵਿਚ। ਅਚਰਜੁ—ਹੈਰਾਨ ਕਰਨ ਵਾਲੀ ਹਾਲਤ ਵਿਚ ਪਹੁੰਚਿਆ ਹੋਇਆ ਜੀਵ।4।

ਅਰਥ:- ਹੇ ਸਹੇਲੀਏ! ਵਿਸ਼ੇ-ਵਿਕਾਰਾਂ ਦਾ ਬੇ-ਸੁਆਦਾ ਪਾਣੀ (ਪੀਣਾ) ਛੱਡ ਦੇ। ਸਦਾ ਨਾਮ-ਅੰਮ੍ਰਿਤ ਪੀਆ ਕਰ, ਇਹ ਬਹੁਤ ਸੁਆਦਲਾ ਹੈ। (ਨਾਮ-ਅੰਮ੍ਰਿਤ ਦਾ) ਸੁਆਦ ਨਾਹ ਚੱਖਣ ਕਰਕੇ, ਸਾਰੀ ਸ੍ਰਿਸ਼ਟੀ (ਵਿਸ਼ੇ-ਵਿਕਾਰਾਂ ਦੇ ਪਾਣੀ ਵਿਚ) ਡੁੱਬ ਰਹੀ ਹੈ, (ਫਿਰ ਭੀ) ਜਿੰਦ ਸੁਖੀ ਨਹੀਂ ਹੁੰਦੀ। ਕੋਈ (ਹੋਰ) ਆਸਰਾ, ਕੋਈ ਵਡੱਪਣ ਕੋਈ ਤਾਕਤ (ਨਾਮ-ਅੰਮ੍ਰਿਤ ਦੀ ਪ੍ਰਾਪਤੀ ਦਾ ਸਾਧਨ ਨਹੀਂ ਬਣ ਸਕਦੇ)। ਹੇ ਸਹੇਲੀਏ! (ਨਾਮ-ਜਲ ਦੀ ਪ੍ਰਾਪਤੀ ਵਾਸਤੇ) ਗੁਰਮੁਖਾਂ ਦੀ ਦਾਸੀ ਬਣੀ ਰਹੁ। ਹੇ ਨਾਨਕ! ਪ੍ਰਭੂ ਦੇ ਦਰ ਤੇ ਉਹ ਬੰਦੇ ਸੋਭਾ ਵਾਲੇ ਹੁੰਦੇ ਹਨ ਜਿਨ੍ਹਾਂ ਨੂੰ ਪਿਆਰੇ ਪ੍ਰਭੂ ਨੇ ਆਪ ਹੀ ਸੋਭਾ ਵਾਲੇ ਬਣਾਇਆ ਹੈ।1।

ਹੇ ਸਹੇਲੀਏ! ਇਹ ਮਾਇਆ (ਮਾਨੋ) ਹਵਾਈ ਕਿਲ੍ਹਾ ਹੈ, ਮਨ ਨੂੰ ਭਟਕਣਾ ਵਿਚ ਪਾਣ ਦਾ ਸਾਧਨ ਹੈ, ਠਗ-ਨੀਰਾ ਹੈ, ਰੁੱਖ ਦੀ ਛਾਂ ਹੈ। ਕਦੇ ਭੀ ਇੱਕ ਥਾਂ ਨਾਹ ਟਿਕ ਸਕਣ ਵਾਲੀ ਇਹ ਮਾਇਆ ਕਿਸੇ ਦੇ ਨਾਲ ਨਹੀਂ ਜਾਂਦੀ, ਇਹ ਆਖ਼ਰ ਨੂੰ (ਸਾਥ) ਛੱਡ ਜਾਂਦੀ ਹੈ। ਸੁਆਦ ਨਾਲ ਦੁਨੀਆ ਦੇ ਪਦਾਰਥ ਭੋਗਣੇ, ਦੁਨੀਆ ਦੇ ਰੂਪਾਂ ਤੇ ਰਸਾਂ ਵਿਚ ਮਸਤ ਰਹਿਣਾ—ਹੇ ਸਖੀਏ! ਇਹਨਾਂ ਦੀ ਸੰਗਤਿ ਵਿਚ ਆਤਮਕ ਆਨੰਦ ਨਹੀਂ ਲੱਭਦਾ। ਹੇ ਨਾਨਕ! (ਆਖ—) ਹੇ ਸਹੇਲੀਏ! ਭਾਗਾਂ ਵਾਲੇ ਹਨ ਪਰਮਾਤਮਾ ਦੇ ਭਗਤ ਜਿਨ੍ਹਾਂ ਨੇ ਸਦਾ ਪਰਮਾਤਮਾ ਦਾ ਨਾਮ ਸਿਮਰਿਆ ਹੈ।2।

ਹੇ ਭਾਗਾਂ ਵਾਲੀ ਸਹੇਲੀਏ! ਜਾ ਕੇ ਸਾਧ ਸੰਗਤਿ ਵਿਚ ਟਿਕਿਆ ਕਰ। ਗੁਰਮੁਖਾਂ ਦੀ ਸੰਗਤਿ ਵਿਚ ਹੀ ਸਦਾ ਟਿਕਣਾ ਚਾਹੀਦਾ ਹੈ। ਉਥੇ ਟਿਕਿਆਂ ਦੁਨੀਆ ਦੇ ਦੁੱਖ, ਮਾਇਆ ਦੀ ਤ੍ਰਿਸ਼ਨਾ, ਕੋਈ ਰੋਗ ਆਦਿਕ—ਇਹ ਕੋਈ ਭੀ ਆਪਣਾ ਜ਼ੋਰ ਨਹੀਂ ਪਾ ਸਕਦਾ। (ਸਾਧ ਸੰਗਤਿ ਵਿਚ ਜਾ ਕੇ) ਪ੍ਰਭੂ ਦੇ ਸੋਹਣੇ ਚਰਨਾਂ ਵਿਚ ਸੁਰਤਿ ਜੋੜਨੀ ਚਾਹੀਦੀ ਹੈ। ਸਾਧ ਸੰਗਤਿ ਵਿਚ ਰਿਹਾਂ ਜਨਮ ਮਰਨ ਦਾ ਗੇੜ ਨਹੀਂ ਵਿਆਪਦਾ, ਮਨ ਦੀ ਅਡੋਲਤਾ ਕਾਇਮ ਰਹਿੰਦੀ ਹੈ। ਸੋ, ਪ੍ਰਭੂ ਦੀ ਸਰਨ ਵਿਚ ਹੀ ਪਏ ਰਹਿਣਾ ਚਾਹੀਦਾ ਹੈ। ਹੇ ਨਾਨਕ! (ਸਾਧ ਸੰਗਤਿ ਦੀ ਬਰਕਤਿ ਨਾਲ) ਪ੍ਰਭੂ-ਪ੍ਰੇਮ ਦੀ ਅਣਹੋਂਦ, ਮਾਇਆ ਦਾ ਮੋਹ—ਇਹ ਕੋਈ ਭੀ ਆਪਣਾ ਜ਼ੋਰ ਨਹੀਂ ਪਾ ਸਕਦਾ। ਸਤ ਸੰਗਤਿ ਵਿਚ ਸਦਾ ਪਰਮਾਤਮਾ ਦਾ ਨਾਮ ਸਿਮਰ ਸਕੀਦਾ ਹੈ।3।

ਹੇ ਪਿਆਰੇ (ਪ੍ਰਭੂ)! ਮੇਹਰ ਦੀ ਨਿਗਾਹ ਕਰ ਕੇ ਤੂੰ ਜਿਨ੍ਹਾਂ ਦਾ ਮਨ ਆਪਣੇ ਚਰਨਾਂ ਵਿਚ ਪ੍ਰੋ ਲਿਆ ਹੈ, ਉਹ ਆਤਮਕ ਅਡੋਲਤਾ ਵਿਚ, ਪ੍ਰੇਮ ਵਿਚ, ਸਦਾ ਰੰਗੇ ਰਹਿੰਦੇ ਹਨ। ਹੇ ਪ੍ਰੀਤਮ! ਤੇਰੇ (ਚਰਨਾਂ) ਨਾਲ ਮਿਲ ਕੇ ਉਹਨਾਂ ਦਾ ਹਿਰਦਾ ਆਨੰਦ-ਭਰਪੂਰ ਹੋ ਜਾਂਦਾ ਹੈ, ਤੇਰੇ ਗੁਣ ਗਾ ਗਾ ਕੇ ਉਹਨਾਂ ਦੇ ਅੰਦਰ ਆਨੰਦ ਬਣਿਆ ਰਹਿੰਦਾ ਹੈ।

ਹੇ ਨਾਨਕ! ਜੇਹੜੀਆਂ (ਸਤਸੰਗੀ) ਸਹੇਲੀਆਂ ਪ੍ਰਭੂ ਦੇ ਪ੍ਰੇਮ-ਰੰਗ ਵਿਚ ਰੰਗੀਆਂ ਰਹਿੰਦੀਆਂ ਹਨ, ਪ੍ਰਭੂ ਉਹਨਾਂ ਦੇ ਮਨ ਦੀ ਤਨ ਦੀ ਹਰੇਕ ਇੱਛਾ ਪੂਰੀ ਕਰਦਾ ਹੈ, ਉਹਨਾਂ ਦੀ (ਉੱਚੀ ਹੋ ਚੁਕੀ) ਜਿੰਦ ਅਚਰਜ-ਰੂਪ ਪ੍ਰਭੂ ਨਾਲ (ਇਉਂ) ਮਿਲ ਜਾਂਦੀ ਹੈ ਕਿ (ਉਸ ਅਵਸਥਾ ਦਾ) ਬਿਆਨ ਨਹੀਂ ਕੀਤਾ ਜਾ ਸਕਦਾ।4।2।5।